# ਸਿਰੀਰਾਗੁ ਮਹਲਾ ੧ ॥

ਸੁੰਞੀ ਦੇਹ ਡਰਾਵਣੀ ਜਾ ਜੀਉ ਵਿਚਹੁ ਜਾਇ ॥ ਭਾਹਿ ਬਲੰਦੀ ਵਿਝਵੀ ਧੂਉ ਨ ਨਿਕਸਿਓ ਕਾਇ ॥ ਪੰਚੇ ਰੁੰਨੇ ਦੁਖਿ ਭਰੇ ਬਿਨਸੇ ਦੂਜੈ ਭਾਇ ॥ ੧ ॥ ਮੂੜੇ ਰਾਮੁ ਜਪਹੁ ਗੁਣ ਸਾਰਿ ॥ ਹਉਮੈ ਮਮਤਾ ਮੋਹਣੀ ਸਭ ਮੁਠੀ ਅਹੰਕਾਰਿ ॥ ੧ ॥ ਰਹਾਉ ॥ ਜਿਨੀ ਨਾਮੁ ਵਿਸਾਰਿਆ ਦੂਜੀ ਕਾਰੈ ਲਗਿ ॥ ਦੁਬਿਧਾ ਲਾਗੇ ਪਚਿ ਮੁਏ ਅੰਤਰਿ ਤ੍ਰਿਸਨਾ ਅਗਿ ॥ ਗੁਰਿ ਰਾਖੇ ਸੇ ਉਬਰੇ ਹੋਰਿ ਮੁਠੀ ਧੰਧੈ ਠਗਿ ॥ ੨ ॥ ਮੁਈ ਪਰੀਤਿ ਪਿਆਰੁ ਗਇਆ ਮੁਆ ਵੈਰੁ ਵਿਰੋਧੁ ॥ ਧੰਧਾ ਥਕਾ ਹਉ ਮੁਈ ਮਮਤਾ ਮਾਇਆ ਕ੍ਰੋਧੁ ॥ ਕਰਮਿ ਮਿਲੈ ਸਚੁ ਪਾਈਐ ਗੁਰਮੁਖਿ ਸਦਾ ਨਿਰੋਧੁ ॥ ੩ ॥ ਸਚੀ ਕਾਰੈ ਸਚੁ ਮਿਲੈ ਗੁਰਮਤਿ ਪਲੈ ਪਾਇ ॥ ਸੋ ਨਰੁ ਜੰਮੈ ਨਾ ਮਰੈ ਨਾ ਆਵੈ ਨਾ ਜਾਇ ॥ ਨਾਨਕ ਦਰਿ ਪਰਧਾਨੁ ਸੋ ਦਰਗਹਿ ਪੈਧਾ ਜਾਇ ॥ ੪ ॥ ੧੪ ॥

ਅੰਕ ੧੯